ਨੰ: 11/ 27 /2001-2ਸਿ3/ /16263

ਪੰਜਾਬ ਸਰਕਾਰ
ਸਿਖਿਆ ਵਿਭਾਗ
(ਸਿਖਿਆ-3 ਸ਼ਾਖਾ)

ਵੱਲ

ਪ੍ਰਿੰਸੀਪਲ,
ਸੈਫਰਨ ਸਿਟੀ ਸਕੂਲ ਕੋਟਲਾ ਬਜਵਾੜਾ,
ਚੁੰਨੀ ਰੋਡ, ਫਤਹਿਗੜ੍ਹ ਸਾਹਿਬ।
ਜ਼ਿਲ੍ਹਾ : ਫਤਹਿਗੜ੍ਹ ਸਾਹਿਬ।

ਮਿਤੀ, ਚੰਡੀਗੜ੍ਹ: 24.8.2001

ਵਿਸ਼ਾ:- ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਬਤ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪ ਦੇ ਪੱਤਰ ਨੰ: ਐਸ.ਸੀ.ਐਸ/2 ਮਿਤੀ 3.7.2001 ਦੇ ਹਵਾਲੇ ਵਿਚ।

2. ਆਪ ਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿਖਿਆ ਅਫਸਰ ਪਟਿਆਲਾ ਅਤੇ ਡੀ.ਪੀ.ਆਈ (ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਭਵਿੱਖ ਵਿਚ ਕਿਸੇ ਵੀ ਸ਼ਿਕਾਇਤ - ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸ ਦਿੱਤੀ ਗਈ ਅਤੇ/ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਤੇ ਇਸ ਤਰ੍ਹਾਂ ਹਲਫੀਆ ਬਿਆਨ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ ਅਤੇ

3. ਇਹ ਸ਼ਰਤ ਵੀ ਲਗਾਈ ਜਾਂਦੀ ਹੈ ਕਿ ਆਪ ਦੇ ਸਕੂਲ ਵਿਚ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਦੇ ਤੌਰ ਤੇ ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਨਿਰਧਾਰਿਤ ਕੀਤੇ ਪਹਿਲੀ ਕਲਾਸ ਤੋਂ ਦਸਵੀਂ ਕਲਾਸ ਦੇ ਸਿਲੇਬਸ ਅਨੁਸਾਰ ਹਰ ਵਿਦਿਆਰਥੀ ਨੂੰ ਪੜ੍ਹਾਉਣਾ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਅਜਿਹੇ ਸਕੂਲਾਂ ਵਿਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ

ਚਲਦਾ ਪੰਨਾ...2.

ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਸ ਗੱਲ ਨੂੰ ਵੀ ਯਕੀਨੀ ਬਣਾਉਗੇ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਵਲੋਂ ਅਤੇ ਸਿੱਖਿਆ ਵਿਭਾਗ ਦੇ ਉਚ-ਅਧਿਕਾਰੀਆਂ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਜਾਂ ਸਕੂਲ ਦੀ ਇੰਨਸਪੈਕਸ਼ਨ ਕੀਤੀ ਜਾਂਦੀ ਹੈ ਤਾਂ ਉਨ੍ਹਾਂ ਨੂੰ ਲੋੜੀਂਦੀ ਸੂਚਨਾ ਉਪਲਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ~~ਮੁੱਖ~~ ਸਕੱਤਰ ਸਿੱਖਿਆ

ਪਿੱਠ ਅੰਕਣ ਨੰ: 11/27/2001/2ਸਿ3/ ਮਿਤੀ: 24.8.2001

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ( ਪ੍ਰਾਈਵੇਟ ਏਡਿਡ(ਸ) ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/18/2000-ਗ੍ਰਾਂਟ 1(4) ਮਿਤੀ 20.8.2001 ਦੇ ਹਵਾਲੇ ਵਿਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿਚ ਘੱਟੋ ਘੱਟ ਇਕ ਵਾਰ ਇੰਨਸਪੈਕਸ਼ਨ ਹਰ ਹਾਲਤ ਵਿਚ ਕਰਵਾਈ ਜਾਵੇ ਅਤੇ ਇਨਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਿਹਾ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਧੀਕ ਸਕੱਤਰ ਸਿੱਖਿਆ

| | |
|---|---|
| TOTAL AREA - | 3.20 ACRE OR 12950 SQ. MTR |
| | OR 139393 SQ. FT. |
| BUILT UP AREA- | 10174 SQ. FT. X 4 FLOOR= 40696 SQ. FT |
| | (945 SQ.MTR X 4 FLOOR = 3780 SQ.MTR) |
| PLAY GROUND- | 102648 SQ. FT. OR 9536 SQ. MTR. |
| CHILDREN PARK- | 12323 SQ.FT. OR 1144 SQ. MTR. |
| PARKING - | 14248 SQ. FT. OR 1324 SQ. MTR. |